# ਵਰਲਡ ਪੰਜਾਬੀ ਟਾਈਮਜ਼

# WORLD PUNJABI TIMES

A Punjabi News Protal & Epaper From Winnipeg, Canada

Visit us at : www.worldpunjabitimes.com

Mob: 7973333573, +1 (418) 887-0162

Epaper World Punjabi Times | 18 ਦਸੰਬਰ 2024 ਦਿਨ ਬੁੱਧਵਾਰ | ਈ-ਪੇਪਰ ਵਰਲਡ ਪੰਜਾਬੀ ਟਾਈਮਜ਼


## ਮਾਲਟਨ ਵੂਮੇਨ ਕੌਂਸਲ ਵੱਲੋਂ ਉੱਘੀ ਕਵਿਤਰੀ ਰਮਿੰਦਰ ਕੌਰ ਵਾਲੀਆ ਨਾਲ ਰੂਬਰੂ ਅਤੇ ਸਨਮਾਨ ਸਮਾਰੋਹ ਕਰਵਾਇਆ "

ਵਰਲਡ ਪੰਜਾਬੀ ਟਾਈਮਜ਼
ਰਾਜਵੀਰ ਭਲੂਰੀਆ




ਬਰੇਂਪਟਨ 18 ਦਸੰਬਰ : ਵਿਸ਼ਵ ਪੰਜਾਬੀ ਭਵਨ ਬਰੇਂਪਟਨ ਦੇ ਵਿਹੜੇ ਵਿੱਚ ਮਾਲਟਨ ਵੂਮੇਨ ਕੌਂਸਲ ਵੱਲੋਂ ਐਤਵਾਰ ਨੂੰ ਰਮਿੰਦਰ ਵਾਲੀਆ ਦਾ ਬਹੁਤ ਹੀ ਸ਼ਾਨਦਾਰ ਰੂਬਰੂ ਅਤੇ ਸਨਮਾਨ ਸਮਾਰੋਹ ਕਰਵਾਇਆ ਗਿਆ । ਸਮਾਗਮ ਵਿੱਚ ਮੁੱਖ ਮਹਿਮਾਨ ਦੇ ਤੌਰ ਤੇ ਰਮਿੰਦਰ ਕੌਰ ਵਾਲੀਆ ਸ਼ਾਮਲ ਹੋਏ। ਇਸ ਮੌਕੇ ਤੇ ਰਮਿੰਦਰ ਕੌਰ ਵਾਲੀਆ ਦਾ ਵਿਸ਼ਵ ਪੰਜਾਬੀ ਸਭਾ ਦੇ ਚੇਅਰਮੈਨ ਡਾ . ਦਲਬੀਰ ਸਿੰਘ ਕਥੂਰੀਆ ਵੱਲੋਂ ਫੁਲਕਾਰੀ ਦੇ ਕੇ ਵਿਸ਼ੇਸ਼ ਸਨਮਾਨ ਕੀਤਾ ਗਿਆ ਅਤੇ ਉਹਨਾਂ ਨੇ ਆਪਣੇ ਵਿਚਾਰ ਵੀ ਸਾਂਝੇ ਕੀਤੇ ।

ਸੱਭ ਤੋਂ ਪਹਿਲਾਂ ਮਾਲਟਨ ਵੂਮੇਨ ਸੰਸਥਾ ਦੀ ਐਗਜ਼ੀਕਿਊਟਿਵ ਡਾਇਰੈਕਟਰ ਉਜ਼ਮਾ ਇਰਫ਼ਾਨ ਨੇ ਸੱਭ ਨੂੰ ਨਿੱਘਾ ਜੀ ਆਇਆਂ ਕਿਹਾ ਤੇ ਵਿਸ਼ਵ ਪੰਜਾਬੀ ਸਭਾ ਦੇ ਚੇਅਰਮੈਨ ਕਥੂਰੀਆ ਜੀ ਦਾ ਦਿਲੋਂ ਧੰਨਵਾਦ ਕੀਤਾ ਜਿਹਨਾਂ ਨੇ ਇਹ ਪ੍ਰੋਗਰਾਮ ਭਵਨ ਵਿੱਚ ਕਰਨ ਦੀ ਇਜ਼ਾਜ਼ਤ ਦਿੱਤੀ । ਉਜ਼ਮਾ ਨੇ ਦੱਸਿਆ ਕਿ ਇਹ ਸੰਸਥਾ ਘਰੇਲੂ ਹਿੰਸਾ ਦੀਆਂ ਸ਼ਿਕਾਰ ਔਰਤਾਂ ਅਤੇ ਮਾਨਸਿਕ ਤੌਰ ਤੇ ਪ੍ਰੇਸ਼ਾਨ ਔਰਤਾਂ ਅਤੇ ਲਿੰਗ ਅਧਾਰਿਤ ਹਿੰਸਾ ਦੀਆਂ ਸ਼ਿਕਾਰ ਹਨ ਉਹਨਾਂ ਲਈ ਕੰਮ ਕਰ ਰਹੀ ਹੈ । ਇਸ ਸੰਸਥਾ ਵੱਲੋਂ ਬਹੁਤ ਸਾਰੇ ਪ੍ਰੋਗਰਾਮ ਕਰਕੇ ਵੂਮੈਨਜ਼ ਨੂੰ ਐਮਪਾਵਰ ਕੀਤਾ ਜਾਂਦਾ ਹੈ । ਜਿਸਦੇ ਬਹੁਤ ਅੱਛੇ ਰਿਜ਼ਲਟ ਵੀ ਆ ਰਹੇ ਹਨ । ਇਹਨਾਂ ਪ੍ਰੋਗਰਾਮ ਵਿੱਚ ਵਿਸ਼ੇਸ਼ ਤੌਰ ਤੇ ਉਹਨਾਂ ਨਾਲ ਰਿੰਟੂ ਭਾਟੀਆ , ਸੁਰਜੀਤ ਕੌਰ ਤੇ ਗੁਲਨਾਜ਼ ਸਹਿਯੋਗ ਕਰ ਰਹੇ ਹਨ ਤੇ ਹੋਰ ਵੀ ਬਹੁਤ ਮੈਂਬਰਜ਼ ਇਸ ਸੰਸਥਾ ਨਾਲ ਜੁੜ ਕੇ ਆਪਣਾ ਸਹਿਯੋਗ ਕਰ ਰਹੇ ਹਨ । ਅਲੋਕਾ ਮਹਿੰਦੀਰੱਤਾ ਜੀ ਇਸ ਸੰਸਥਾ ਦੇ ਫ਼ਾਊਂਡਰ ਹਨ ।

ਉੱਥੇ ਹੀ ਹਾਜ਼ਰੀਨ ਦੇ ਸਾਹਮਣੇ ਸਟੇਜ ਤੇ ਹੀ ਰਮਿੰਦਰ ਵਾਲੀਆ ਦਾ ਰੂਬਰੂ ਸਮਾਗਮ ਕਰਵਾਇਆ ਗਿਆ । ਮਾਲਟਨ ਵੋਮੈਨ ਕੌਂਸਲ ਵੱਲੋਂ ਰਿੰਟੂ ਭਾਟੀਆ ਨੇ ਦਰਸ਼ਕਾਂ ਦੇ ਸਾਹਮਣੇ ਸਟੇਜ ਤੇ ਹੀ ਰਮਿੰਦਰ ਵਾਲੀਆ ਨਾਲ ਸਵਾਲ ਜਵਾਬ ਕੀਤੇ ਤੇ ਉਹਨਾਂ ਦੀ ਜ਼ਿੰਦਗੀ ਦੇ ਪਹਿਲੂ ਦਰਸ਼ਕਾਂ ਦੇ ਸਾਹਮਣੇ ਰੱਖੇ। ਪ੍ਰੋਗਰਾਮ ਦੀ ਸ਼ੁਰੂਆਤ ਕਰਦੇ ਹੋਏ ਹੋਸਟ ਦੇ ਤੌਰ ਤੇ ਪ੍ਰੋਗਰਾਮ ਨੂੰ ਚਲਾ ਰਹੇ ਰਿੰਟੂ ਭਾਟੀਆ ਨੇ ਦੱਸਿਆ ਕਿ ਉਹਨਾਂ ਦੀ ਕੌਂਸਲ ਵੱਲੋਂ ਸਮਾਜ ਵਿੱਚ ਕੁਝ ਚੰਗਾ ਕੰਮ ਕਰਨ ਵਾਲੀਆਂ ਔਰਤਾਂ ਦੇ ਨਾਲ ਰੂਬਰੂ ਕਰਵਾਇਆ ਜਾਂਦਾ ਹੈ। ਇਸੇ ਲੜੀ ਦੇ ਤਹਿਤ ਰਮਿੰਦਰ ਵਾਲੀਆ ਨਾਲ ਰੂਬਰੂ ਕੀਤਾ ਜਾ ਰਿਹਾ ਹੈ। ਗੱਲਬਾਤ ਦੌਰਾਨ ਉਨਾਂ ਨੇ ਦੱਸਿਆ ਕਿ ਰਮਿੰਦਰ ਵਾਲੀਆ ਬਹੁਤ ਹੀ ਮਿਹਨਤੀ ਉੱਦਮੀ ਔਰਤ ਹਨ ਜਿਨਾਂ ਨੇ ਆਪਣੀ ਪੂਰੀ ਜ਼ਿੰਦਗੀ ਦੇ ਵਿੱਚ ਸੰਘਰਸ਼ ਭਰਿਆ ਜੀਵਨ ਬਤੀਤ ਕੀਤਾ। ਔਰਤਾਂ ਦੀ ਭਲਾਈ ਦੇ ਨਾਲ ਨਾਲ ਸਮਾਜ ਸੁਧਾਰਕ ਕੰਮਾਂ ਦੇ ਵਿੱਚ ਵੀ ਵੱਧ ਚੜ ਕੇ ਹਿੱਸਾ ਲਿਆ। ਆਪਣੀਆਂ ਰਚਨਾਵਾਂ ਦੇ ਵਿੱਚ ਉਹਨਾਂ ਨੇ ਦੱਬੀਆਂ ਕੁਚਲੀਆਂ ਔਰਤਾਂ ਨੂੰ ਅਹਿਮੀਅਤ ਦਿੱਤੀ। ਰੰਮੀ ਜੀ ਦੀ ਕਲਮ ਚੋਂ ਉਪਜੀ ਹੋਈ ਸ਼ਬਦਾਵਾਲੀ ਬਹੁਤ ਹੀ ਸਪਸ਼ਟ ਹੁੰਦੀ ਹੈ। ਪ੍ਰੋਗਰਾਮ ਦੇ ਵਿੱਚ ਹਾਜ਼ਰ ਹੋਰ ਸਾਹਿਤਕਾਰਾਂ ਨੇ ਆਪਣੇ ਵਿਚਾਰ ਪੇਸ਼ ਕਰਦੇ ਹੋਏ ਦੱਸਿਆ ਕਿ ਰੰਮੀ ਜੀ ਦਾ ਸੁਭਾਅ ਹਮੇਸ਼ਾਂ ਹੀ ਦੂਸਰੇ ਨੂੰ ਵੱਡਾ ਕਰਕੇ ਤੇ ਆਪ ਪਿੱਛੇ ਰਹਿ ਕੇ ਕੰਮ ਕਰਨ ਵਾਲਾ ਬਣਿਆ ਹੋਇਆ ਹੈ। ਉਹਨਾਂ ਨੇ ਬਹੁਤ ਸਾਰੀਆਂ ਔਰਤਾਂ ਨੂੰ ਸਾਹਿਤ ਦੇ ਖੇਤਰ ਵਿੱਚ ਸਪੋਰਟ ਕੀਤੀ ਅਤੇ ਬਹੁਤ ਸਾਰੀਆਂ ਔਰਤਾਂ ਨੂੰ ਵੱਖ-ਵੱਖ ਸਾਹਿਤਕ ਸੰਸਥਾਵਾਂ ਦੇ ਨਾਲ ਜੋੜਿਆ ਹੈ। ਉਹਨਾਂ ਨੇ ਹਮੇਸ਼ਾ ਹੀ ਆਪ ਪਿੱਛੇ ਰਹਿ ਕੇ ਬਿਨਾਂ ਕਿਸੇ ਅਹੁਦੇ ਦੇ ਲਾਲਚ ਤੋਂ ਕੰਮ ਕੀਤਾ ਹੈ। ਅਜਿਹਾ ਵਿਲੱਖਣ ਸੁਭਾਅ ਰੰਮੀ ਜੀ ਦੇ ਹਿੱਸੇ ਹੀ ਆਇਆ ਹੈ।

ਇਸ ਮੌਕੇ ਤੇ ਸੁਰਜੀਤ ਕੌਰ , ਮੀਤਾ ਖੰਨਾ , ਪਰਮਜੀਤ ਦਿਓਲ , ਇਕਬਾਲ ਬਰਾੜ , ਜਗੀਰ ਸਿੰਘ ਕਾਹਲੋਂ , ਪ੍ਰੋ. ਦਰਸ਼ਨਦੀਪ , ਪਰਮਪਾਲ ਸੰਧੂ , ਡਾ . ਇੰਦਰਜੀਤ ਕੌਰ , ਮਲਿਕਾ ਬਖ਼ਸ਼ੀ ਤੇ ਹੋਰ ਨਾਮਵਰ ਸ਼ਖ਼ਸੀਅਤਾਂ ਨੇ ਰਮਿੰਦਰ ਵਾਲੀਆ ਦੇ ਬਾਰੇ ਵਿੱਚ ਆਪਣੇ ਵਿਚਾਰ ਸਾਂਝੇ ਕੀਤੇ ।

ਇਸ ਸਮਾਗਮ ਵਿੱਚ ਬਹੁਤ ਸਾਰੀਆਂ ਸੰਸਥਾਵਾਂ ਦੇ ਅਹੁਦੇਦਾਰਾਂ ਤੇ ਹੋਰ ਬਹੁਤ ਅਦਬੀ ਸ਼ਖ਼ਸੀਅਤਾਂ ਨੇ ਸ਼ਿਰਕਤ ਕੀਤੀ ।ਇਸ ਰੂਬਰੂ ਪ੍ਰੋਗਰਾਮ ਵਿੱਚ ਰਮਿੰਦਰ ਵਾਲੀਆ ਦਾ ਰੂਬਰੂ ਦੇਖਣ ਤੇ ਸੁਣਨ ਲਈ ਹਾਜ਼ਰੀਨ ਵਿੱਚ ਬਹੁਤ ਉਤਸ਼ਾਹ ਸੀ ਤੇ ਸਭ ਨੇ ਨਜਿੱਠ ਕੇ ਇਸ ਰੂਬਰੂ ਨੂੰ ਬਹੁਤ ਧਿਆਨ ਨਾਲ ਸੁਣਿਆ ਅਤੇ ਰਮਿੰਦਰ ਦੀ ਮਿਹਨਤ , ਸਿਰੜ , ਜਨੂੰਨ ਅਤੇ ਜ਼ਜ਼ਬੇ ਦੀ ਬਹੁਤ ਸਰਾਹੁਣਾ ਕੀਤੀ । ਹਾਲ ਵਿੱਚ ਮੈਂਬਰਜ਼ ਦੀ ਭਰਪੂਰ ਹਾਜ਼ਰੀ ਸੀ । ਇਸ ਸਮੇ ਪੀ ਟੀ ਸੀ ਪੰਜਾਬੀ ਚੈਨਲ ਤੋਂ ਆਏ ਤਰੁਨ ਦੱਤ ਜੀ ਨੇ ਪ੍ਰੋਗਰਾਮ ਦੀ ਕਵਰੇਜ ਵੀ ਕੀਤੀ । ਸੰਸਥਾ ਵੱਲੋਂ ਬਹੁਤ ਸ਼ਾਨਦਾਰ ਚਾਹ ਪਾਣੀ ਤੇ ਸਨੈਕਸ ਦਾ ਇੰਤਜ਼ਾਮਕੀਤਾ ਗਿਆ । ਰਿੰਟੂ ਭਾਟੀਆ ਦਾ ਸੰਚਾਲਨ ਬਾਕਮਾਲ ਸੀ ।

## ਐੱਸ. ਡੀ. ਕਾਲਜ ਵਿਚ ਸੱਤ ਰੋਜ਼ਾ ਕੈਂਪ ਦਾ ਉਦਘਾਟਨ ਸਮਾਰੋਹ ਸਫਲਤਾਪੂਰਵਕ ਸੰਪੰਨ

ਵਰਲਡ ਪੰਜਾਬੀ ਟਾਈਮਜ਼
ਬਲਵਿੰਦਰ 'ਬਾਲਮ' ਗੁਰਦਾਸਪੁਰ




ਗੁਰਦਾਸਪੁਰ, 18 ਦਸੰਬਰ : ਪੰਡਿਤ ਮੋਹਨ ਲਾਲ ਐੱਸ. ਡੀ. ਕਾਲਜ ਫ਼ਾਰ ਵੂਮੈਨ ਗੁਰਦਾਸਪੁਰ ਵਿਖੇ ਐਨ. ਐੱਸ. ਐੱਸ. ਵਿਭਾਗ ਵਲੋਂ ਸਪੈਸ਼ਲ ਸੱਤ ਰੋਜ਼ਾ ਕੈਂਪ ਦਾ ਉਦਘਾਟਨ ਸਮਾਰੋਹ ਕਾਲਜ ਪ੍ਰਿੰਸੀਪਲ ਡਾ. ਨੀਰੂ ਸ਼ਰਮਾ ਦੇ ਦਿਸ਼ਾ ਨਿਰਦੇਸ਼ਾਂ ਅਧੀਨ ਕਰਵਾਇਆ ਗਿਆ ਜਿਸ ਵਿਚ ਮੁੱਖ ਮਹਿਮਾਨ ਸ. ਬਲਵਿੰਦਰ ਬਾਲਮ ਵਿਸ਼ੇਸ਼ ਤੌਰ 'ਤੇ ਹਾਜ਼ਰ ਹੋਏ। ਇਹ ਸਪੈਸ਼ਲ ਸੱਤ ਰੋਜ਼ਾ ਕੈਂਪ 17 ਦਸੰਬਰ ਤੋਂ 23 ਦਸੰਬਰ ਤੱਕ ਚੱਲੇਗਾ। ਇਸ ਕੈਂਪ ਦੀ ਵਿਸ਼ੇਸ਼ਤਾ ਹੈ ਕਿ ਇਹ ਦੋ ਭਾਗਾਂ ਸਵੇਰ ਅਤੇ ਸ਼ਾਮ ਵਿਚ ਵੰਡਿਆ ਹੋਇਆ ਹੈ। ਇਸ ਕੈਂਪ ਵਿਚ ਸੌ ਵਲੰਟੀਅਰ ਹਿੱਸਾ ਲੈਣਗੇ ਅਤੇ ਇਹ ਕੈਂਪ ਬਾਬੋਵਾਲ ਪਿੰਡ ਵਿਚ ਵਾਤਾਵਰਨ ਸਬੰਧੀ, ਔਰਤਾਂ ਦੇ ਅਧਿਕਾਰਾਂ ਸਬੰਧੀ ਅਤੇ ਭਾਰਤ



ਸਰਕਾਰ ਤੇ ਪੰਜਾਬ ਸਰਕਾਰ ਦੀਆਂ ਨਵੀਆਂ ਨੀਤੀਆਂ ਬਾਰੇ ਜਾਗਰੂਕਤਾ ਸੰਬੰਧੀ ਰੈਲੀਆਂ ਕੱਢਣਗੇ। ਇਸ ਦੇ ਨਾਲ-ਨਾਲ ਸਮਾਜ ਸੇਵਾ ਦੇ ਪ੍ਰੋਜੈਕਟ ਵੀ ਕੀਤੇ ਜਾਣਗੇ ਅਤੇ ਵੱਖ-ਵੱਖ ਵਿਸ਼ਾ ਮਾਹਿਰਾਂ ਨੂੰ ਬੁਲਾ ਕੇ ਸੈਮੀਨਾਰ ਅਤੇ ਵਰਕਸ਼ਾਪਾਂ ਵੀ ਲਗਾਈਆਂ ਜਾਣਗੀਆਂ। ਇਸ ਤੋਂ ਇਲਾਵਾ ਇਸੇ ਪਿੰਡ ਵਿਚ ਸਿਹਤ ਜਾਂਚ ਕੈਂਪ ਵੀ ਲਗਾਇਆ ਜਾਵੇਗਾ। ਇਸ ਕੈਂਪ ਦੇ ਪ੍ਰੋਗਰਾਮ ਅਫ਼ਸਰ ਡਾ. ਸੁਖਵਿੰਦਰ ਕੌਰ ਅਤੇ ਮਿਸਿਜ਼ ਸਮਿਤਾ ਖਜੂਰੀਆ ਸਨ। ਇਸ ਮੌਕੇ ਸਮਿਤਾ ਖਜੂਰੀਆ ਨੇ ਪੀ.ਪੀ.ਟੀ. ਰਾਹੀਂ ਪਿਛਲੇ ਕੈਂਪ ਦੀਆਂ ਗਤੀਵਿਧੀਆਂ ਬਾਰੇ ਵਿਸਥਾਰ ਨਾਲ ਜਾਣਕਾਰੀ ਦਿੱਤੀ। ਮੁੱਖ ਮਹਿਮਾਨ ਸ. ਬਲਵਿੰਦਰ ਬਾਲਮ ਨੇ ਆਪਣੇ ਭਾਸ਼ਣ ਵਿਚ ਵਲੰਟੀਅਰਾਂ ਨੂੰ ਸਾਹਿੱਤਿਕ ਰਚਨਾਵਾਂ ਸੁਣਾ ਕੇ ਪ੍ਰੇਰਿਤ ਕੀਤਾ ਅਤੇ ਕੈਂਪ ਦੇ ਦੌਰਾਨ ਸਮਾਜ ਸੇਵਾ ਦੇ ਕੰਮਾਂ ਪ੍ਰਤੀ ਵਧ ਚੜ੍ਹ ਕੇ ਹਿੱਸਾ ਲੈਂਦਿਆਂ ਮਹਿਸੂਸ ਕੀਤਾ ਜਾਵੇ ਕਿ ਜੋ ਅਸੀਂ ਕਾਰਜ ਕਰ ਰਹੇ ਕਿ ਉਹ ਸਹੀ ਹੈ। ਅੰਤ ਵਿਚ ਪ੍ਰਿੰਸੀਪਲ ਮੈਡਮ ਨੇ ਮੁੱਖ ਮਹਿਮਾਨ ਦਾ ਸ਼ਬਦੀ ਧੰਨਵਾਦ ਕੀਤਾ

## ਪੰਜਾਬ ਰਾਜ ਅੰਤਰ ਜਿਲਾ ਸਕੂਲ ਖੇਡਾਂ ਫਰੀਦਕੋਟ ਵਿੱਚ ਸ਼ਾਨੋ-ਸ਼ੌਕਤ ਨਾਲ ਸ਼ੁਰੂ

### ਪੰਜਾਬ ਆਉਣ ਵਾਲੇ ਸਮੇਂ ਵਿੱਚ ਖੇਡਾਂ 'ਚ ਨਵੀਆਂ ਬੁਲੰਦੀਆਂ ਨੂੰ ਛੂਹੇਗਾ : ਸਪੀਕਰ ਸੰਧਵਾਂ

### ਪੰਜਾਬ ਸਰਕਾਰ ਵੱਲੋਂ ਕਾਮਰਸ ਦੀ ਪੜਾਈ ਲਈ ਸਕੂਲ ਨੂੰ 18.45 ਲੱਖ ਰੁਪਏ ਦੀ ਰਾਸ਼ੀ ਜਾਰੀ

ਵਰਲਡ ਪੰਜਾਬੀ ਟਾਈਮਜ਼
ਧਰਮ ਪ੍ਰਵਾਨਾਂ

ਫਰੀਦਕੋਟ , 18 ਦਸੰਬਰ : 68ਵੀਆਂ ਪੰਜਾਬ ਰਾਜ ਅੰਤਰ ਜਿਲਾ ਸਕੂਲ ਖੇਡਾਂ ਸਰਕਲ ਸਟਾਈਲ ਕਬੱਡੀ ਅੰਡਰ-17 ਲੜਕੇ ਅਤੇ ਲੜਕੀਆਂ ਅੱਜ ਭਾਈ ਕਿਸ਼ਨ ਸਿੰਘ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਸੰਧਵਾਂ ਵਿਖੇ ਸ਼ਾਨੋਸ਼ੌਕਤ ਨਾਲ ਸ਼ੁਰੂ ਹੋ ਗਈਆਂ ਹਨ। ਜਿੰਨਾ ਵਿੱਚ ਸਪੀਕਰ ਪੰਜਾਬ ਵਿਧਾਨ ਸਭਾ ਕੁਲਤਾਰ ਸਿੰਘ ਸੰਧਵਾਂ ਨੇ ਵਿਸ਼ੇਸ਼ ਤੌਰ 'ਤੇ ਸ਼ਿਰਕਤ ਕਰਕੇ ਖੇਡਾਂ ਦਾ ਰਸਮੀ ਆਗਾਜ਼ ਕੀਤਾ। ਇਸ ਮੌਕੇ ਸਪੀਕਰ ਸੰਧਵਾਂ ਦੇ ਮਾਤਾ ਗੁਰਮੇਲ ਕੌਰ ਨੇ ਵੀ ਵਿਸ਼ੇਸ਼ ਤੌਰ 'ਤੇ ਸਕੂਲ ਪੁੱਜ ਕੇ ਬੱਚਿਆਂ ਨੂੰ ਆਸ਼ੀਰਵਾਦ ਦਿੱਤਾ। ਇਸ ਮੌਕੇ ਸਪੀਕਰ ਪੰਜਾਬ ਵਿਧਾਨ ਸਭਾ ਕੁਲਤਾਰ ਸਿੰਘ ਸੰਧਵਾਂ ਨੇ ਆਪਣੇ ਸੰਬੋਧਨ ਵਿੱਚ ਕਿਹਾ ਕਿ ਮੁੱਖ ਮੰਤਰੀ ਪੰਜਾਬ ਭਗਵੰਤ ਮਾਨ ਦੀ ਅਗਵਾਈ ਵਿੱਚ ਪੰਜਾਬ ਵਿੱਚ ਖੇਡ ਢਾਂਚਾ ਮਜ਼ਬੂਤ ਕਰਕੇ ਪੰਜਾਬ ਨੂੰ ਖੇਡਾਂ ਦੇ ਖੇਤਰ ਵਿੱਚ ਫਿਰ ਤੋਂ ਨੰਬਰ ਇੱਕ ਸੂਬਾ ਬਣਾਉਣ ਲਈ ਯਤਨ ਕੀਤੇ ਜਾ ਰਹੇ ਹਨ। ਪੰਜਾਬ ਸਰਕਾਰ ਵਲੋਂ ਸਕੂਲਾਂ ਦੇ ਪ੍ਰਾਇਮਰੀ ਪੱਧਰ ਤੋਂ ਹੀ



ਬੱਚਿਆਂ ਨੂੰ ਖੇਡਾਂ ਪ੍ਰਤੀ ਆਕਰਸ਼ਿਤ ਕਰਨ ਲਈ ਬਲਾਕ ਤੇ ਜ਼ਿਲਾ ਪੱਧਰੀ ਤੇ ਰਾਜ ਪੱਧਰੀ ਖੇਡਾਂ ਦਾ ਆਯੋਜਨ ਕੀਤਾ ਜਾਂਦਾ ਹੈ। ਉਨਾਂ ਕਿਹਾ ਕਿ ਪੰਜਾਬ ਸਰਕਾਰ ਵਲੋਂ ਖੇਡਾਂ ਨੂੰ ਉਤਸ਼ਾਹਿਤ ਕਰਨ ਲਈ ਵੱਡੇ ਉਪਰਾਲੇ ਸ਼ੁਰੂ ਕੀਤੇ ਹਨ ਅਤੇ 'ਖੇਡਾਂ ਵਤਨ ਪੰਜਾਬ ਦੀਆਂ' ਸ਼ੁਰੂ ਕਰਕੇ ਖੇਡਾਂ ਨੂੰ ਅਲੱਗ ਮੁਕਾਮ 'ਤੇ ਪਹੁੰਚਾਇਆ ਹੈ। ਉਨਾਂ ਕਿਹਾ ਕਿ ਆਉਣ ਵਾਲੇ ਸਮੇਂ ਵਿੱਚ ਪੰਜਾਬ ਖੇਡਾਂ ਵਿੱਚ ਨਵੀਆਂ ਬੁਲੰਦੀਆਂ ਨੂੰ ਛੂਹੇਗਾ ਤੇ ਅਜਿਹੀਆਂ ਖੇਡਾਂ ਛੋਟੇ ਖਿਡਾਰੀਆਂ ਨੂੰ ਆਪਣੀ ਪ੍ਰਤਿਭਾ ਨਿਖਾਰਨ ਵਿੱਚ ਵੀ ਵੱਡੇ ਪਲੇਟਫਾਰਮ ਮੁਹੱਈਆ ਕਰਾਉਣਗੀਆਂ। ਉਨਾਂ ਕਿਹਾ ਕਿ ਇਸ ਨਾਲ ਖੇਡਾਂ ਦੀ ਨਰਸਰੀ ਤਿਆਰ ਹੋਵੇਗੀ ਤੇ ਇਹ ਖਿਡਾਰੀ ਰਾਜ, ਰਾਸ਼ਟਰੀ ਤੇ ਅੰਤਰਰਾਸ਼ਟਰੀ ਪੱਧਰ 'ਤੇ ਨਾਮਨਾ ਖੱਟ ਕੇ ਆਪਣਾ ਤੇ ਦੇਸ਼ ਦਾ ਨਾਮ ਰੋਸ਼ਨ ਕਰਨਗੇ। ਉਨਾਂ ਦੱਸਿਆ ਕਿ ਭਾਈ ਕਿਸ਼ਨ ਸਿੰਘ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਸੰਧਵਾਂ ਵਿਖੇ ਪੰਜਾਬ ਸਰਕਾਰ ਵੱਲੋਂ ਕਾਮਰਸ ਵਿਸ਼ੇ ਦੀ ਪੜਾਈ ਚਾਲੂ ਕਰਨ ਲਈ 18.45 ਲੱਖ ਰੁਪਏ ਦੀ ਗਰਾਂਟ ਦਿੱਤੀ ਗਈ ਹੈ, ਜਲਦ ਹੀ ਇਸ ਸਕੂਲ ਦੇ ਵਿਦਿਆਰਥੀ ਕਾਮਰਸ ਦੀ ਪੜਾਈ ਕਰ ਸਕਣਗੇ। ਇਸ ਤੋਂ ਇਲਾਵਾ ਪੰਜਾਬ ਸਰਕਾਰ ਵੱਲੋਂ ਸਿੱਖਿਆ ਮੰਤਰੀ ਹਰਜੋਤ ਸਿੰਘ ਬੈਂਸ ਦੀ ਅਗਵਾਈ ਹੇਠ ਇਸ ਸਕੂਲ ਦਾ ਪੀ.ਐਮ. ਸ਼੍ਰੀ ਸਕੂਲਾਂ ਦੀ ਲਿਸਟ ਵਿੱਚ ਵੀ ਨਾਮ ਦਰਜ ਕੀਤਾ ਗਿਆ ਹੈ, ਜਿਸ ਤਹਿਤ ਅੱਗੇ ਵੀ ਕਰੋੜਾਂ ਰੁਪਏ ਦੀ ਰਾਸ਼ੀ ਸਕੂਲ ਦੇ ਵਿਕਾਸ ਲਈ ਆਵੇਗੀ। ਇਸ ਮੌਕੇ ਜਿਲਾ ਸਿੱਖਿਆ ਅਫਸਰ ਨੀਲਮ ਰਾਣੀ ਨੇ ਦੱਸਿਆ ਕਿ ਪੰਜਾਬ ਅੰਤਰ ਜਿਲਾ ਸਕੂਲ ਟੂਰਨਾਮੈਂਟ ਤਹਿਤ ਸਰਕਲ ਸਟਾਈਲ ਕਬੱਡੀ ਅੰਡਰ-17 ਲੜਕੇ ਅਤੇ ਲੜਕੀਆਂ ਅੱਜ ਭਾਈ ਕਿਸ਼ਨ ਸਿੰਘ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਸੰਧਵਾਂ ਵਿਖੇ ਕਰਵਾਏ ਜਾ ਰਹੇ ਹਨ। ਇਸ ਵਿੱਚ ਪੰਜਾਬ ਦੇ ਵੱਖ ਵੱਖ ਜਿਲਿਆ ਦੇ ਸਕੂਲਾਂ ਤੋਂ ਅੰਡਰ-17 ਲੜਕੇ-ਲੜਕੀਆਂ ਭਾਗ ਲੈ ਰਹੇ ਹਨ। ਜਿੰਨਾਂ ਨੂੰ ਸਪੀਕਰ ਪੰਜਾਬ ਵਿਧਾਨ ਸਭਾ ਕੁਲਤਾਰ ਸਿੰਘ ਸੰਧਵਾਂ ਵੱਲੋਂ ਸਹੁੰ ਚੁਕਾਈ ਗਈ ਹੈ। ਇਸ ਮੌਕੇ ਸਕੂਲੀ ਬੱਚਿਆ ਵੱਲੋਂ ਸੱਭਿਆਚਾਰਕ ਪ੍ਰੋਗਰਾਮ ਵੀ ਪੇਸ਼ ਕੀਤਾ ਗਿਆ। ਇਸ ਮੌਕੇ ਗੁਰਤੇਜ ਸਿੰਘ ਖੋਸਾ ਚੇਅਰਮੈਨ ਇੰਪਰੂਵਮੈਂਟ ਟਰੱਸਟ, ਜਸਬੀਰ ਜੱਸੀ, ਉੱਪ ਜਿਲਾ ਸਿੱਖਿਆ ਅਫਸਰ ਪ੍ਰਦੀਪ ਦਿਓੜਾ, ਅਮਨਦੀਪ ਸਿੰਘ ਸੰਧੂ, ਜਗਤਾਰ ਸਿੰਘ ਜੱਗਾ ਸਰਪੰਚ ਖਾਰਾ, ਤਜਿੰਦਰ ਸਿੰਘ ਖਾਰਾ, ਜਸਬੀਰ ਜੱਸੀ, ਜਸਵੀਰ ਸਿੰਘ ਗਿੱਲ, ਗੁਰਪ੍ਰੀਤ ਸਿੰਘ, ਰਾਜਪਾਲ ਸਿੰਘ ਢੁੱਡੀ, ਮਨਜੀਤ ਸਿੰਘ, ਸੁਖਪਾਲ ਸਿੰਘ, ਗੁਰਪ੍ਰੀਤ ਸਿੰਘ ਸਰਪੰਚ ਸੰਧਵਾਂ, ਸੰਦੀਪ ਸਿੰਘ ਕੰਮੇਆਣਾ ਬਲਾਕ ਪ੍ਰਧਾਨ ਤੋਂ ਇਲਾਵਾ ਆਮ ਆਦਮੀ ਪਾਰਟੀ ਦੇ ਨੁਮਾਇੰਦੇ ਅਤੇ ਸਕੂਲੀ ਬੱਚੇ ਹਾਜਰ ਸਨ।

## 'ਦ ਆਕਸਫੋਰਡ ਸਕੂਲ ਦਾ ਸੱਭਿਆਚਾਰਕ ਪ੍ਰੋਰਗਰਾਮ 'ਸੰਕਲਪ ਆਉ ਮਿਲ ਕਰ ਸੰਵਾਰੇ ਕੱਲ' ਯਾਦਗਾਰੀ ਹੋ ਨਿਬੜਿਆ

ਵਰਲਡ ਪੰਜਾਬੀ ਟਾਈਮਜ਼
ਟਿੰਕੂ ਕੁਮਾਰ




ਕੋਟਕਪੂਰਾ, 18 ਦਸੰਬਰ : 'ਦ ਆਕਸਫੋਰਡ ਸਕੂਲ ਆਫ਼ ਐਜ਼ੂਕੇਸ਼ਨ' ਭਗਤਾ ਭਾਈਕਾ ਦਾ ਸਾਲਾਨਾ ਇਨਾਮ ਵੰਡ ਅਤੇ ਸੱਭਿਆਚਾਰਕ ਪ੍ਰੋਰਗਰਾਮ "ਸੰਕਲਪ, ਆਉ ਮਿਲ ਕਰ ਸੰਵਾਰੇ ਕੱਲ" ਦਾ ਦੂਜਾ ਦਿਨ ਵੀ ਆਪਣੀਆਂ ਅਮਿੱਟ ਯਾਦਾਂ ਛੱਡਦਾ ਹੋਇਆ ਯਾਦਗਾਰੀ ਹੋ ਨਿਬੜਿਆ। ਇਸ ਸਮਾਗਮ ਵਿੱਚ ਮੁਖ ਮਹਿਮਾਨ ਵਜੋਂ ਹਰਜੀਤ ਸਿੰਘ ਡੀ.ਆਈ.ਜੀ ਆਫ਼ ਪੁਲਿਸ 'ਬਠਿੰਡਾ ਰੇਂਜ' ਨੇ ਸ਼ਿਰਕਤ ਕੀਤੀ। ਜਿਸ ਵਿੱਚ "ਸੁਆਗਤਮ" ਗੀਤ ਰਾਹੀਂ ਆਏ ਹੋਏ ਮਹਿਮਾਨਾਂ ਦਾ ਸਵਾਗਤ ਕੀਤਾ ਗਿਆ ਅਤੇ ਸ਼ਮਾਂ ਰੋਸ਼ਨ ਕਰਨ ਤੋਂ ਬਾਅਦ ਪ੍ਰੋਰਗਰਾਮ ਦੀ ਸ਼ੁਰੂਆਤ "ਕਿਨਕਾ ਏਕ ਜਿਸ ਜੀਅ ਬਸਾਵੈ, ਤਾ ਕੀ ਮਹਿਮਾ ਗਨੀ ਨਾ ਆਵੇ" ਸ਼ਬਦ ਨਾਲ ਕੀਤੀ ਗਈ। ਇਸ ਤੋਂ ਬਾਅਦ ਸਕੂਲ ਦੇ ਪਿੰ੍ਰਸੀਪਲ ਰੂਪ ਲਾਲ ਬਾਂਸਲ ਨੇ ਪੰਡਾਲ ਵਿੱਚ ਪਹੰੁਚੇ ਹੋਏ ਮੁਖ ਮਹਿਮਾਨ, ਮਾਪਿਆਂ ਅਤੇ ਹੋਰ ਪਤਵੰਤੇ ਸੱਜਣਾਂ ਦਾ ਨਿਘਾ ਸਵਾਗਤ ਕੀਤਾ। ਉਨਾਂ ਨੇ ਸਕੂਲ ਦੀਆਂ ਪ੍ਰਾਪਤੀਆਂ ਉੱਤੇ ਵਿਸਥਾਰ ਨਾਲ ਚਾਨਣਾ ਪਾਉਂਦੇ ਹੋਏ ਸਕੂਲ ਦੀ ਸਾਲਾਨਾ ਰਿਪੋਰਟ ਸਲਾਈਡ ਸ਼ੋਅ ਰਾਹੀ ਪੇਸ਼ ਕੀਤੀ। ਰੰਗਾ-ਰੰਗ ਪ੍ਰੋਰਗਰਾਮ ਦੀ ਸ਼ੁਰੂਆਤ "ਵੈੱਲਕਾਮ ਡਾਂਸ" ਨਾਲ ਹੋਈ। ਇਸ ਤੋਂ ਬਾਅਦ ਵਿਦਿਆਰਥੀਆਂ ਨੇ ਕਈ ਪ੍ਰਕਾਰ ਦੇ ਡਾਂਸ, ਕੋਰੀਓਗ੍ਰਾਫੀ, ਨਾਚ, ਗਿੱਧਾ-ਭੰਗੜਾ ਆਦਿ ਪੇਸ਼ ਕਰਕੇ ਹਜ਼ਾਰਾਂ ਦਰਸ਼ਕਾਂ ਦਾ ਮਨ ਮੋਹ ਲਿਆ। ਡਿਜ਼ੀਟਲ ਅਡਿਕਸ਼ਨ , ਬਾਲੀਵੱੁਡ ਬੈਟਲ ਦਰਸ਼ਕਾਂ ਦੀ ਖਿੱਚ ਦਾ ਕੇਂਦਰ ਬਣੇ। ਕੋਰੀਓਗ੍ਰਾਫ਼ੀ "ਸੰਕਲਪ" ਰਾਹੀਂ ਇੱਕ ਵਿਦਿਆਰਥੀ ਦੀ ਮਾਨਸਿਕ ਅਵਸਥਾ ਨੂੰ ਪੇਸ਼ ਕਰਕੇ ਸਮੁੱਚੇ ਸਮਾਜ ਦੇ ਰਹਿਬਰਾਂ ਨੂੰ ਸੁਨੇਹਾ ਦਿੱਤਾ ਗਿਆ। 'ਅਸਰ ਤਾਂ ਪੈਂਦਾ' ਕੋਰੀਓਗ੍ਰਾਫ਼ੀ ਨੇ ਨਵੀਂ ਪੀੜੀ ਉੱਤੇ ਅੱਜ ਕੱਲ ਦੇ ਗੀਤਾਂ ਦੇ ਪੈਂਦੇ ਪ੍ਰਭਾਵ ਪੇਸ਼ ਕਰਕੇ



ਸਮਾਜ ਨੂੰ ਇੱਕ ਸੇਧ ਦੇਣ ਦੀ ਕੋਸ਼ਿਸ ਕੀਤੀ। ਪੰਜਾਬ ਦੇ ਲੋਕ ਨਾਚ "ਗਿੱਧਾ-ਭੰਗੜਾ" ਨੇ ਤਾਂ ਸਭ ਨੂੰ ਝੂਮਣ ਲਈ ਮਜ਼ਬੂਰ ਕਰ ਦਿੱਤਾ। "ਮਲਵਈ ਗਿੱਧੇ" ਦੀ ਪੇਸ਼ਕਾਰੀ ਨੇ ਸਾਰੇ ਪੰਡਾਲ ਨੂੰ ਥਿਰਕਣ ਲਾ ਦਿੱਤਾ। ਇਹ ਸੱਭਿਆਚਾਰਕ ਪ੍ਰੋਗਰਾਮ ਉਦੋਂ ਸਿਖਰ 'ਤੇ ਪਹੁੰਚ ਗਿਆ ਜਦੋ ਆਕਸਫੋਰਡ ਦੀਆਂ ਮੁਟਿਆਰਾਂ ਨੇ ਪੰਜਾਬ ਦੇ ਲੋਕ ਨਾਚਾਂ ਨੂੰ ਦਿਲ ਖਿੱਚਵੇਂ ਅੰਦਾਜ਼ ਵਿੱਚ ਪੇਸ਼ ਕੀਤਾ, ਇਸ ਵਿੱਚ ਨੰਨੇ-ਮੰੁਨੇ ਬੱਚਿਆਂ ਨੇ ਵੀ ਆਪਣਾ ਲੋਹਾ ਮਨਵਾਇਆ। ਦਸਮ ਪਿਤਾ ਗੁਰੂ ਗੋਬਿੰਦ ਸਿੰਘ ਜੀ ਦੇ ਚਾਰਾਂ ਸਾਹਿਬਜ਼ਾਦਿਆਂ ਦੀ ਸ਼ਹੀਦੀ ਨੂੰ ਸਮਰਪਿਤ ਗਾਈ ਕਵੀਸ਼ਰੀ ਨੇ ਗੁਰੂ ਜੀ ਵੱਲੋਂ ਕੀਤੇ ਗਏ ਬਲੀਦਾਨਾਂ ਦਾ ਚੇਤਾ ਕਰਵਾਇਆ। ਇਸ ਸਮੇਂ ਸਿੰਘਾਂ ਦਾ ਜੰਗੀ ਹੁਨਰ "ਗਤਕਾ" ਵੀ ਪੇਸ਼ ਕੀਤਾ ਗਿਆ। ਸਿੰਘਾਂ ਦੇ ਬਾਣੇ ਵਿੱਚ ਸਜੇ ਵਿਦਿਆਰਥੀ ਗੁਰੂ ਜੀ ਦੀਆਂ ਲਾਡਲੀਆਂ ਫੌਜਾਂ ਹੀ ਪ੍ਰਤੀਤ ਹੋ ਰਹੇ ਸਨ। ਇਸ ਤੋਂ ਬਾਅਦ ਮੁੱਖ ਮਹਿਮਾਨ ਡੀ.ਆਈ.ਜੀ. ਆਫ਼ ਪੁਲਿਸ 'ਬਠਿੰਡਾ ਰੇਂਜ' ਨੇ ਦਰਸ਼ਕਾਂ ਨੂੰ ਸੰਬੋਧਨ ਕਰਦਿਆਂ ਆਪਣੇ ਵਿਚਾਰ ਸਾਂਝੇ ਕੀਤੇ। ਉਹਨਾਂ ਨੇ ਕਿਹਾ ਕਿ ਸਕੂਲ ਦੀ ਪ੍ਰਬੰਧਕ ਕਮੇਟੀ, ਪ੍ਰਿੰਸੀਪਲ, ਸਟਾਫ਼ ਅਤੇ ਵਿਦਿਆਰਥੀ ਬਹੁਤ ਸੁਲਝੇ ਹੋਏ ਹਨ, ਜਿੰਨਾਂ ਦੀ ਬਦੌਲਤ ਇਹ ਐਨੀ ਵੱਡੀ ਸੰਸਥਾ ਚੱਲ ਰਹੀ ਹੈ ਅਤੇ ਇਸ ਇਲਾਕੇ ਦੇ ਹਜ਼ਾਰਾਂ ਬੱਚਿਆਂ ਦੀ ਜਿੰਦਗੀ ਸੰਵਾਰ ਰਹੀ ਹੈ। ਉਹਨਾਂ ਨੇ ਵਿਦਿਆਰਥੀਆਂ ਨੂੰ ਇੱਕ ਸਿਹਤਮੰਦ ਸਮਾਜ ਸਿਰਜਣ ਦਾ ਸੁਨੇਹਾ ਦਿੱਤਾ। ਆਖੀਰ ਵਿੱਚ ਉਨਾਂ ਨੇ ਪ੍ਰਬੰਧਕ ਕਮੇਟੀ ਅਤੇ ਸਮੁੱਚੇ ਆਕਸਫੋਰਡ ਪਰਿਵਾਰ ਨੂੰ ਵਧਾਈ ਦਿੱਤੀ। ਇਸ ਤੋਂ ਉਪਰੰਤ ਉਹਨਾਂ ਵੱਲੋਂ ਹੋਣਹਾਰ ਵਿਦਿਆਰਥੀਆਂ ਨੂੰ ਸਨਮਾਨਿਤ ਕੀਤਾ ਗਿਆ। ਸਕੂਲ ਦੇ ਪਿੰ੍ਰਸੀਪਲ ਰੂਪ ਲਾਲ ਬਾਂਸਲ ਨੇ ਮੱੁਖ ਮਹਿਮਾਨ ਅਤੇ ਮਾਪਿਆਂ ਦਾ ਸਮਾਗਮ ਵਿੱਚ ਪਹੁੰਚਣ 'ਤੇ ਤਹਿ ਦਿਲੋਂ ਧੰਨਵਾਦ ਕੀਤਾ। ਉਨਾਂ ਨੇ ਆਕਸਫੋਰਡ ਪਰਿਵਾਰ ਦੇ ਸਾਰੇ ਮੈਂਬਰਾਂ, ਡਰਾਈਵਰ ਵੀਰਾਂ, ਹੈਲਪਰ ਬੀਬੀਆਂ ਅਤੇ ਇਸ ਸੰਸਥਾ ਨਾਲ ਜੁੜੇ ਹਰ ਮੈਂਬਰ ਦੀ ਅਣਥੱਕ ਮਿਹਨਤ ਦੀ ਵੀ ਸ਼ਲਾਘਾ ਕੀਤੀ। ਇਸ ਤਰਾਂ ਆਕਸਫੋਰਡ ਸਕੂਲ ਦੇ ਬਾਕੀ ਸਮਾਗਮਾਂ ਵਾਂਗ ਇਹ ਦੋ ਦਿਨਾ ਸਾਲਾਨਾ ਸਮਾਗਮ ਵੀ ਬਹੁਤ ਹੀ ਯਾਦਗਾਰੀ ਅਤੇ ਅਭੁਲ ਯਾਦਾਂ ਆਪਣੇ ਪਿੱਛੇ ਛੱਡ ਗਿਆ। ਇਸ ਸਮੇਂ ਸਕੂਲ ਦੀ ਪ੍ਰਬੰਧਕ ਕਮੇਟੀ ਦੇ ਸਰਪ੍ਰਸਤ ਮੈਂਬਰ ਹਰਦੇਵ ਸਿੰਘ ਬਰਾੜ (ਸਾਬਕਾ ਚੇਅਰਮੈਨ), ਹਰਗੁਰਪ੍ਰੀਤ ਸਿੰਘ ਗਗਨ ਬਰਾੜ (ਚੇਅਰਮੈਨ), ਗੁਰਮੀਤ ਸਿੰਘ ਗਿੱਲ (ਪ੍ਰਧਾਨ), ਪਰਮਪਾਲ ਸਿੰਘ 'ਸ਼ੈਰੀ ਢਿੱਲੋਂ' (ਵਾਈਸ ਚੇਅਰਮੈਨ) ਨੇ ਵਿਦਿਆਰਥੀਆਂ ਅਤੇ ਅਧਿਆਪਕਾਂ ਦੀ ਸਮਾਰੋਹ ਨੂੰ ਸਫ਼ਲਤਾਪੂਰਵਕ ਨੇਪਰੇ ਚੜਾਉਣ ਲਈ ਕੀਤੀ ਗਈ ਮਿਹਨਤ ਦੀ ਵੀ ਤਾਰੀਫ ਕੀਤੀ।